# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :11-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਕਾਰ ਨੇ ਕਿਹਾ- ਇਸ ਸਾਲ ਜਨਵਰੀ ਵਿੱਚ, ਰੇਲਵੇ ਟਿਕਟ ਰਿਜ਼ਰਵੇਸ਼ਨ ਲਈ ਵਰਤੇ ਗਏ 3 ਕਰੋੜ ਤੋਂ ਵੱਧ ਸ਼ੱਕੀ ਯੂਜ਼ਰ ਆਈ.ਡੀ ਖਾਤਿਆਂ ਨੂੰ ਬਲਾਕ ਕੀਤਾ ਗਿਆ ਏ ।
- ਸੀਮਾ ਸੁਰੱਖਿਆ ਬਲ ਨੇ ਅੱਜ ਮਹਾਂਵੀਰ ਚੱਕਰ ਨਾਲ ਸਨਮਾਨਿਤ, BSF ਦੇ ਸਹਾਇਕ ਕਮਾਂਡੈਂਟ, ਰਾਮ ਕ੍ਰਿਸ਼ਨ ਵਧਵਾ ਅਤੇ ਉਨ੍ਹਾਂ ਦੇ 8 ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ- ਪੁਲਿਸ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ।

- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵਲੋਂ, ਬਾਲ ਅਧਿਕਾਰਾਂ ਦੀ ਰਾਖੀ ਬਾਰੇ ਚੰਡੀਗੜ੍ਹ ਕਮਿਸ਼ਨ ਦੀ ਸਿਹਤ ਜਾਗਰੂਕਤਾ ਮੁਹਿੰਮ,"ਸ਼ੂਗਰ ਐਂਡ ਆਇਲ ਬੋਰਡ" ਦੀ ਸ਼ੁਰੂਆਤ ।
- ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਦੂਜਾ ਟਵੈਂਟੀ-ਟਵੈਂਟੀ ਕ੍ਰਿਕੇਟ ਮੈਚ ਅੱਜ ਸ਼ਾਮ 7 ਵਜੇ ਚੰਡੀਗੜ੍ਹ 'ਚ ਖੇਡਿਆ ਜਾਵੇਗਾ ।

## *ਹੁਣ ਖਬਰਾਂ ਵਿਸਥਾਰ ਨਾਲ*

ਸਰਕਾਰ ਨੇ ਕਿਹਾ ਏ ਕਿ ਇਸ ਸਾਲ ਜਨਵਰੀ ਵਿੱਚ, ਰੇਲਵੇ ਟਿਕਟ ਰਿਜ਼ਰਵੇਸ਼ਨ ਲਈ ਵਰਤੇ ਗਏ 3  ਕਰੋੜ ਤੋਂ ਵੱਧ ਸ਼ੱਕੀ ਯੂਜ਼ਰ ਆਈ.ਡੀ ਖਾਤਿਆਂ ਨੂੰ ਬਲਾਕ ਕਰ ਦਿੱਤਾ ਗਿਆ ਏ । ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ ਕਿਹਾ ਕਿ ਰੇਲਵੇ ਦਾ ਟਿਕਟ ਬੁਕਿੰਗ ਰਿਜ਼ਰਵੇਸ਼ਨ ਸਿਸਟਮ ਇੱਕ ਸੁਰੱਖਿਅਤ ਸੂਚਨਾ ਤਕਨਾਲੋਜੀ ਪਲੇਟਫਾਰਮ ਏ  ਜੋ ਮਜ਼ਬੂਤ ਅਤੇ ਉੱਨਤ ਸਾਈਬਰ ਸੁਰੱਖਿਆ ਨਿਯੰਤਰਣਾਂ ਨਾਲ ਲੈਸ ਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਰੇਲਵੇ ਨੇ ਰਿਜ਼ਰਵੇਸ਼ਨ ਪ੍ਰਣਾਲੀ ਦੀ ਕੁਸ਼ਲਤਾ ਨੂੰ ਵਧਾਉਣ ਅਤੇ ਨਿਯਮਤ ਅਤੇ ਤਤਕਾਲ ਟਿਕਟਾਂ ਦੀ ਉਪਲਬਧਤਾ ਨੂੰ ਬਿਹਤਰ ਬਣਾਉਣ ਲਈ ਕਈ ਕਦਮ ਚੁੱਕੇ ਹਨ। ਸ਼੍ਰੀ ਵੈਸ਼ਨਵ ਨੇ ਕਿਹਾ ਕਿ

ਧੋਖਾਧੜੀ ਕਰਨ ਵਾਲੇ ਖਪਤਕਾਰਾਂ ਵਲੋਂ  ਦੁਰਵਰਤੋਂ ਨੂੰ ਰੋਕਣ ਅਤੇ ਤਤਕਾਲ ਬੁਕਿੰਗ ਦੀ ਨਿਰਪੱਖਤਾ ਨੂੰ ਬਿਹਤਰ ਬਣਾਉਣ ਲਈ ਔਨਲਾਈਨ ਤਤਕਾਲ ਟਿਕਟ ਬੁਕਿੰਗ ਲਈ ਆਧਾਰ-ਅਧਾਰਤ OTP ਤਸਦੀਕ ਪੜਾਅਵਾਰ ਢੰਗ ਨਾਲ ਲਾਗੂ ਕੀਤਾ ਗਿਆ ਏ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਨਵਾਂ ਸਿਸਟਮ ਪਹਿਲਾਂ ਹੀ 322  ਰੇਲ ਗੱਡੀਆਂ  'ਤੇ ਕਾਰਜਸ਼ੀਲ ਏ।

---------------------------------------------------------------

ਰਾਸ਼ਟਰ ਅੱਜ ਮਹਾਂਵੀਰ ਚੱਕਰ ਨਾਲ ਸਨਮਾਨਿਤ, BSF ਦੇ ਸਹਾਇਕ ਕਮਾਂਡੈਂਟ, ਰਾਮ ਕ੍ਰਿਸ਼ਨ ਵਧਵਾ ਅਤੇ ਉਨ੍ਹਾਂ ਦੇ 8 ਸਾਥੀਆਂ ਦੀ ਬਹਾਦਰੀ ਅਤੇ ਸਰਬਉੱਚ ਕੁਰਬਾਨੀ ਨੂੰ ਯਾਦ ਕਰ ਰਿਹਾ ਏ, ਜਿਨ੍ਹਾਂ ਦੀ ਬੇਮਿਸਾਲ ਬਹਾਦਰੀ ਨੇ 1971 ਦੀ ਜੰਗ ਦੌਰਾਨ ਪੰਜਾਬ ਦੇ ਫਿਰੋਜ਼ਪੁਰ ਦੇ ਮਮਦੋਟ ਸੈਕਟਰ ਵਿੱਚ ਰਾਜਾ ਮੋਹਤਮ ਪੋਸਟ ਨੂੰ ਦੁਸ਼ਮਣਾਂ ਤੋਂ ਖੋਹ ਲਿਆ ਸੀ। 8 ਵਿੱਚੋਂ ਦੋ ਨੂੰ ਸੇਨਾ ਮੈਡਲ ਅਤੇ 6 ਨੂੰ ਮਰਨ ਉਪਰੰਤ ਬਹਾਦਰੀ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ ਸੀ। ਬੀ.ਐਸ.ਐਫ ਇਸ ਦਿਨ ਨੂੰ ਰਾਜਾ ਮੋਹਤਮ ਦਿਵਸ ਵਜੋਂ ਮਨਾਉਂਦੀ ਏ। 1971 ਦੀ ਜੰਗ ਦੌਰਾਨ ਰਾਜਾ ਮੋਹਤਮ ਬਾਰਡਰ ਆਊਟ ਪੋਸਟ 'ਤੇ BSF ਦੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ।

ਸੀਮਾ ਸੁਰੱਖਿਆ ਬਲ ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ੇਲੇ ਨੇ ਇਤਿਹਾਸਕ ਬੀ.ਓ.ਪੀ ਰਾਜਾ ਮੋਹਤਮ ਦਾ ਦੌਰਾ ਕੀਤਾ। ਇਸ ਮੌਕੇ ਇੰਸਪੈਕਟਰ ਜਨਰਲ ਨੇ ਬੀਐਸਐਫ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ । ਉਨ੍ਹਾਂ ਸ਼ਹੀਦਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹਿੰਮਤ, ਕੁਰਬਾਨੀ ਅਤੇ ਸਮਰਪਣ ਲਈ ਆਪਣਾ ਡੂੰਘਾ ਸਤਿਕਾਰ, ਸ਼ੁਕਰਗੁਜ਼ਾਰੀ ਅਤੇ ਸਨਮਾਨ ਪ੍ਰਗਟ ਕੀਤਾ। ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ, ਉਨ੍ਹਾਂ ਦੀ ਅਟੁੱਟ ਹਿੰਮਤ ਨੂੰ ਸ਼ਰਧਾਂਜਲੀ ਦਿੱਤੀ। ਇੰਸਪੈਕਟਰ ਜਨਰਲ ਨੇ ਸਥਾਨਕ ਸਰਹੱਦੀ ਆਬਾਦੀ ਦੀ ਬੀਐਸਐਫ ਨੂੰ ਨਿਰੰਤਰ ਸਮਰਥਨ ਦੇਣ, ਸਰਹੱਦ 'ਤੇ ਅਪਰਾਧ ਨੂੰ ਰੋਕਣ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਦਾ ਮੁਕਾਬਲਾ ਕਰਨ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਅੰਤਰਰਾਸ਼ਟਰੀ ਸਰਹੱਦ 'ਤੇ ਸ਼ਾਂਤੀ, ਸੁਰੱਖਿਆ ਅਤੇ ਚੌਕਸੀ ਬਣਾਈ ਰੱਖਣ ਵਿੱਚ ਭਾਈਚਾਰੇ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਨੇ 1971 ਦੀ ਜੰਗ ਵਿੱਚ ਬੀ.ਐਸ.ਐਫ ਦੀ ਮਹੱਤਵਪੂਰਨ ਭੂਮਿਕਾ 'ਤੇ ਆਧਾਰਿਤ ਦਸਤਾਵੇਜ਼ੀ "ਰਾਜਾ ਮੋਹਤਮ: ਦ ਅਨਟੋਲਡ ਸਾਗਾ ਆਫ ਬੀ.ਐਸ.ਐਫ ਬ੍ਰੇਵਰੀ" ਵੀ ਦੇਖੀ। ਇਸ ਸਮਾਗਮ ਵਿੱਚ ਸੀਨੀਅਰ ਅਧਿਕਾਰੀ, ਸਰਹੱਦੀ ਨਿਵਾਸੀ ਅਤੇ ਬੀਐਸਐਫ ਸ਼ਹੀਦਾਂ ਦੇ ਪਰਿਵਾਰ ਮੌਜੂਦ ਸਨ।

--------------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ । ਜ਼ਿਕਰਯੋਗ ਏ ਕਿ ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ 14 ਦਸੰਬਰ ਨੂੰ ਹੋਣਗੀਆਂ ਅਤੇ 17 ਦਸੰਬਰ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜੇ ਐਲਾਨੇ ਜਾਣਗੇ। ਡੀਜੀਪੀ ਨੇ ਸਾਰੇ ਪੁਲਿਸ ਅਧਿਕਾਰੀਆਂ ਨੂੰ ਪੇਸ਼ੇਵਰ ਪੁਲਿਸਿੰਗ ਅਤੇ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਕਾਨੂੰਨ ਅਤੇ ਵਿਵਸਥਾ ਬਾਰੇ  ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਚੋਣਾਂ ਦੌਰਾਨ ਜ਼ਿਲ੍ਹਿਆਂ ਤੋਂ ਘੱਟੋ-ਘੱਟ 75 ਫੀਸਦੀ ਪੁਲਿਸ ਬਲ ਜੁਟਾਉਣ ਲਈ ਕਿਹਾ ਗਿਆ ਏ । ਸਾਰੇ ਸੀ.ਪੀ, ਐਸ.ਐਸ.ਪੀਸ  ਨੂੰ ਪਹਿਲਾਂ ਹੀ ਆਪਣੇ ਅਧਿਕਾਰ ਖੇਤਰਾਂ ਵਿੱਚ ਫਲੈਗ ਮਾਰਚ ਕੱਢਣ ਅਤੇ ਮਜ਼ਬੂਤ ਅੰਤਰ-ਰਾਜੀ ਅਤੇ ਅੰਤਰ-ਜ਼ਿਲ੍ਹਾ ਨਾਕੇ ਲਗਾਉਣ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ। ਗੁਆਂਢੀ ਰਾਜਾਂ ਦੇ ਡੀ.ਜੀ.ਪੀਜ਼. ਨੂੰ ਪੰਜਾਬ ਨਾਲ ਲੱਗਦੀ ਸਰਹੱਦ ਦੇ ਆਪਣੇ ਵਾਲੇ ਪਾਸੇ ਨਾਕੇ ਲਗਾਉਣ ਲਈ ਪਹਿਲਾਂ ਹੀ ਬੇਨਤੀ ਕੀਤੀ ਗਈ ਏ । ਉਨ੍ਹਾਂ ਦੱਸਿਆ ਕਿ 13 ਹਜ਼ਾਰ 395 ਪੋਲਿੰਗ ਸਟੇਸ਼ਨਾਂ ’ਤੇ 18 ਹਜ਼ਾਰ 718 ਪੋਲਿੰਗ ਬੂਥ ਸਥਾਪਤ ਕੀਤੇ ਗਏ ਨੇ ,

ਜਿਨ੍ਹਾਂ ਵਿੱਚੋਂ 860 ਨੂੰ ਅਤਿ-ਸੰਵੇਦਨਸ਼ੀਲ ਅਤੇ 3 ਹਜ਼ਾਰ 405 ਨੂੰ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਐਲਾਨਿਆ ਗਿਆ ਏ । ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣ ਲਈ 44 ਹਜ਼ਾਰ ਤੋਂ ਵੱਧ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ।

--------------------------------------------------------------

ਪੰਜਾਬ ਚੋਣ ਕਮਿਸ਼ਨ ਵੱਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ, ਆਬਕਾਰੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਸੂਬੇ ਦੀਆਂ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੇ ਅਧਿਕਾਰ ਖੇਤਰ ਅਧੀਨ ਪੈਂਦੇ ਪਿੰਡਾਂ ਵਿੱਚ 14 ਦਸੰਬਰ ਤੋਂ 15 ਦਸੰਬਰ ਸਵੇਰੇ 10 ਵਜੇ ਤੱਕ ਚੋਣਾਂ ਵਾਲਾ ਦਿਨ "ਡਰਾਈ ਡੇ" ਵਜੋਂ ਐਲਾਨਿਆ  ਏ । ਇਹ ਹੁਕਮ ਪੰਜਾਬ ਵਿੱਚ ਇੰਨ ਬਿੰਨ ਲਾਗੂ ਕੀਤੇ ਜਾਣਗੇ ।

--------------------------------------------------------------

ਬਾਲ ਅਧਿਕਾਰਾਂ ਦੀ ਰਾਖੀ ਬਾਰੇ ਚੰਡੀਗੜ੍ਹ ਕਮਿਸ਼ਨ ਨੇ ਅੱਜ ਚੰਡੀਗੜ੍ਹ ਸਕੱਤਰੇਤ ਵਿਖੇ ਆਪਣੀ ਪ੍ਰਮੁੱਖ ਸਿਹਤ ਜਾਗਰੂਕਤਾ ਮੁਹਿੰਮ, "ਸ਼ੂਗਰ ਐਂਡ ਆਇਲ ਬੋਰਡ" ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਦੀ ਰਸਮੀ ਸ਼ੁਰੂਆਤ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੀਤੀ, ਜਿਸ ਵਿੱਚ ਕਮਿਸ਼ਨ ਅਤੇ ਪ੍ਰਸ਼ਾਸਨ ਦੀ ਬਾਲ ਸਿਹਤ ਅਤੇ ਪੋਸ਼ਣ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਗਈ।

ਇਸ ਪਹਿਲਕਦਮੀ ਦਾ ਉਦੇਸ਼ ਬੱਚਿਆਂ ਵਿੱਚ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਪੈਦਾ ਕਰਨਾ ਏ । ਇਹ ਪਹਿਲਕਦਮੀ ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਅਤੇ ਸਾਰੇ ਸਕੂਲਾਂ ਵਿੱਚ "ਸ਼ੂਗਰ ਬੋਰਡ" ਲਗਾਉਣ ਲਈ ਸੀ.ਬੀ.ਐਸ.ਈ ਦੀ ਰਾਸ਼ਟਰੀ ਮੁਹਿੰਮ ਦੇ ਦਿਸ਼ਾ-ਨਿਰਦੇਸ਼ਾਂ ਦੇ ਮੁਤਾਬਿਕ ਏ । ਬੋਰਡ ਬੱਚਿਆਂ ਨੂੰ ਬਹੁਤ ਜ਼ਿਆਦਾ ਖੰਡ ਅਤੇ ਤੇਲ ਦੀ ਖਪਤ ਦੇ ਲੁਕਵੇਂ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦਾ ਇੱਕ ਪ੍ਰਭਾਵਸ਼ਾਲੀ ਤਰੀਕਾ ਏ । ਇਹ ਬੋਰਡ ਕੈਲੋਰੀ ਦੀ ਜਾਣਕਾਰੀ, ਪੌਸ਼ਟਿਕ ਤੱਤਾਂ ਅਤੇ ਵਿਟਾਮਿਨ ਨਾਲ ਭਰਪੂਰ ਭੋਜਨ ਦੀ ਸੂਚੀ, ਅਤੇ ਆਮ ਤੌਰ 'ਤੇ ਖਪਤ ਕੀਤੇ ਜਾਣ ਵਾਲੇ ਸਨੈਕਸ ਅਤੇ ਪੈਕ ਕੀਤੇ ਭੋਜਨਾਂ ਦੀ ਖੰਡ ਅਤੇ ਚਰਬੀ ਦੀ ਸਮੱਗਰੀ ਦਾ ਗ੍ਰਾਫਿਕ ਜਾਣਕਾਰੀ ਪ੍ਰਦਾਨ ਕਰਨਗੇ। ਇਹ ਬੋਰਡ ਬੱਚਿਆਂ ਨੂੰ ਸਿਹਤਮੰਦ ਵਿਕਲਪ ਬਣਾਉਣ ਲਈ ਪ੍ਰੇਰਿਤ ਕਰਨਗੇ। ਇਹ ਚੰਡੀਗੜ੍ਹ ਦੇ ਸਾਰੇ ਸਕੂਲਾਂ ਵਿੱਚ ਪ੍ਰਦਰਸ਼ਿਤ ਕੀਤੇ ਜਾਣਗੇ।

---------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਇੱਕ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਤਸਕਰ ਨੂੰ 4 ਪਿਸਤੌਲਾਂ, 6 ਰੌਂਦ ਅਤੇ ਇੱਕ ਮੋਬਾਈਲ ਫੋਨ ਸਮੇਤ ਗ੍ਰਿਫ਼ਤਾਰ ਕੀਤਾ ਏ । ਸੀਨੀਅਰ ਪੁਲਿਸ ਕਪਤਾਨ  ਸੁਹੇਲ ਮੀਰ  ਨੇ ਦਸਿਆ ਕਿ

ਪੁਲਿਸ ਨੂੰ ਖੁਫੀਆ ਜਾਣਕਾਰੀ ਪ੍ਰਾਪਤ ਹੋਈ ਕਿ ਰਣੀਕੇ ਵਾਸੀ ਅਕਾਸ਼ਦੀਪ ਸਿੰਘ ਅਤੇ ਅਚਿੰਤਕੋਟ ਵਾਸੀ ਸੁੱਖਾ ਸਿੰਘ ਦੋਵੇਂ ਪਾਕਿਸਤਾਨੀ ਤਸਕਰਾਂ  ਨਾਲ ਸੰਪਰਕ ਵਿੱਚ ਹਨ ਅਤੇ ਉਹਨਾਂ ਪਾਸੋਂ ਡਰੋਨ ਰਾਹੀਂ ਅਸਲੇ ਦੀਆਂ ਵੱਡੀਆਂ ਖੇਪਾਂ ਮੰਗਵਾ ਕੇ ਗੈਂਗਸਟਰਾਂ ਨੂੰ ਸਪਲਾਈ ਕਰਦੇ ਹਨ। ਇਸ ‘ਤੇ ਤੁਰੰਤ ਕਾਰਵਾਈ ਕਰਦਿਆਂ ਟੀਮ ਨੇ ਅਕਾਸ਼ਦੀਪ ਸਿੰਘ ਨੂੰ ਅਸਲੇ  ਸਮੇਤ ਕਾਬੂ ਕਰ ਲਿਆ। ਇਸ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ । ਨਾਮਜ਼ਦ ਦੋਸ਼ੀ ਸੁੱਖਾ ਸਿੰਘ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਉਸ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

------------------------------------------------------------

ਲੁਧਿਆਣਾ ਦੇ ਬੱਸ ਅੱਡੇ ਨੇੜੇ ਅੱਜ ਇੱਕ ਬਸ ਦੇ ਬ੍ਰੇਕ ਫੇਲ ਹੋਣ ਕਾਰਨ ਵਾਪਰੇ ਹਾਦਸੇ ਵਿਚ ਘੱਟੋ-ਘੱਟ 6 ਲੋਕ ਜ਼ਖ਼ਮੀ ਹੋਏ । ਲੁਧਿਆਣਾ ਤੋਂ ਸਾਡੇ ਪਤਰਕਾਰ ਨੇ ਦਸਿਆ ਕਿ ਇਕ ਨਿਜੀ ਬੱਸ ,ਬ੍ਰੇਕ ਫ਼ੇਲ੍ਹ ਹੋਣ ਕਾਰਨ ਬੇਕਾਬੂ ਹੋ ਗਈ। ਇਸ ਦੌਰਾਨ ਬੱਸ, ਰਸਤੇ ਵਿਚ ਆਉਣ ਵਾਲੇ ਵਾਹਨਾਂ ਤੇ ਲੋਕਾਂ ਨਾਲ ਟਕਰਾਉਂਦੀ ਹੋਈ ਡਿਵਾਈਡਰ ਨਾਲ ਜਾ ਟਕਰਾਈ । ਇਸ ਦੌਰਾਨ 6 ਤੋਂ ਵੱਧ ਲੋਕ ਜ਼ਖਮੀ ਹੋ ਗਏ ਕੁਝ ਵਾਹਨ ਵੀ ਨੁਕਸਾਨੇ ਗਏ ਹਨ।  ਪੁਲਿਸ ਵਲੋਂ ਮੌਕੇ 'ਤੇ ਪਹੁੰਚ ਕਿ ਜ਼ਖ਼ਮੀਆਂ ਦੀ ਮਦਦ ਕੀਤੀ ਜਾ ਰਹੀ ਏ ।

---------------------------------------------------------------

ਅੱਜ ਕੌਮਾਂਤਰੀ ਪਰਬਤ ਦਿਵਸ ਮਨਾਇਆ ਜਾ ਰਿਹਾ ਏ, ਤਾਂ ਜੋ ਜੀਵਨ ਵਿੱਚ ਪਹਾੜਾਂ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ ਅਤੇ ਪਹਾੜੀ ਵਿਕਾਸ ਦੇ ਮੌਕਿਆਂ ਅਤੇ ਰੁਕਾਵਟਾਂ ਨੂੰ ਉਜਾਗਰ ਕੀਤਾ ਜਾ ਸਕੇ। ਇਸ ਬਾਰੇ ਮੋਹਾਲੀ ਤੋਂ ਜ਼ਿਲਾ ਵਣ ਅਧਿਕਾਰੀ ਕੰਵਰਦੀਪ ਸਿੰਘ ਅਤੇ ਫਰੀਦਕੋਟ ਤੋਂ ਜਿਲ੍ਹਾ ਭਾਸ਼ਾ ਅਫਸਰ ਮਨਜੀਤ ਪੁਰੀ ਨੇ ਇਸ ਮੌਕੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ।

BYTE

---------------------------------------------------------------

ਪੰਜਾਬ ਦੇ ਸਮਾਜਿਕ ਵਿਕਾਸ ਦੇ ਦ੍ਰਿਸ਼ ਨੂੰ ਮਜ਼ਬੂਤ ਕਰਨ ਹਿਤ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜ਼ਿਲ੍ਹੇ ਦੇ 80 ਤੋਂ ਵੱਧ ਪ੍ਰਮੁੱਖ ਗੈਰ-ਸਰਕਾਰੀ ਸੰਗਠਨਾਂ, ਵੱਖ-ਵੱਖ ਉਦਯੋਗ ਸੰਗਠਨਾਂ, ਸੰਸਥਾਵਾਂ, ਕਲੱਬਾਂ ਦੀ ਮੌਜੂਦਗੀ ਵਿੱਚ ਪੰਜਾਬ ਐਨ.ਜੀ.ਓ ਐਕਸਪੋ-2026 ਦੀ ਸ਼ੁਰੂਆਤ ਕੀਤੀ। ਅੱਜ ਹੋਈ ਮੀਟਿੰਗ ਦਾ ਉਦੇਸ਼ ਆਉਣ ਵਾਲੇ ਪੰਜਾਬ ਐਨ.ਜੀ.ਓ ਐਕਸਪੋ 2026 ਲਈ ਸਿਵਲ ਸੁਸਾਇਟੀ ਸੰਗਠਨਾਂ ਨੂੰ ਸੰਖੇਪ ਜਾਣਕਾਰੀ ਦੇਣਾ, ਲਾਮਬੰਦ ਕਰਨਾ ਅਤੇ ਸ਼ਾਮਲ ਕਰਨਾ ਸੀ। ਇਸ ਬਾਬਤ ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਨੇ ਦਸਿਆ।

BYTE

---------------------------------------------------------

ਤਰਨਤਾਰਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ 'ਤੇ ਵਿਜ਼ਡਮ ਸਕੂਲ ਵਿਖੇ ਨਸ਼ਿਆਂ ਵਿਰੁੱਧ ਇੱਕ ਜਾਗਰੂਕਤਾ ਰੈਲੀ ਕੱਢੀ ਗਈ। ਇਸ ਜਾਗਰੂਕਤਾ ਰੈਲੀ ਨੂੰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਕੰਵਲਜੀਤ ਸਿੰਘ ਬਾਜਵਾ ਵੱਲੋਂ ਰਵਾਨਾ ਕੀਤਾ ਗਿਆ। ਇਸ ਜਾਗਰੂਕਤਾ ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਸਕੂਲੀ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਵਿਦਿਆਰਥੀਆਂ ਨੇ ਹੱਥਾਂ ਵਿੱਚ ਫੜ੍ਹੇ ਬੈਨਰਾਂ ਅਤੇ ਨਾਅਰਿਆਂ ਰਾਹੀਂ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੌਜਵਾਨਾਂ ਨੂੰ ਇਸ ਰੈਲੀ ਰਾਹੀਂ ਸੁਨੇਹਾ ਦਿੱਤਾ ਕਿ ਉਹ ਨਸ਼ਿਆਂ ਤੋਂ ਬਚ ਕੇ ਜ਼ਿੰਦਗੀ ਨੂੰ ਚੁਣਨ ਅਤੇ ਖ਼ੁਸ਼ਹਾਲ ਤੇ ਤੰਦਰੁਸਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ।

---------------------------------------------------------

ਲੁਧਿਆਣਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ''ਨਸ਼ਿਆਂ ਖਿਲਾਫ ਨੌਜਵਾਨ'' ਮੁਹਿੰਮ ਤਹਿਤ ਜ਼ਿਲ੍ਹਾ ਲੁਧਿਆਣਾ ਸਮੇਤ ਸਬ ਤਹਿਸੀਲ ਖੰਨਾ, ਪਾਇਲ, ਜਗਰਾਓਂ ਅਤੇ ਸਮਰਾਲਾ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਹੋਰ ਵਿਦਿਅਕ ਅਦਾਰਿਆਂ ਵਿੱਚ ਨਸ਼ਿਆਂ ਵਿਰੁੱਧ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਪੋਸਟਰ ਮੇਕਿੰਗ ਮੁਕਾਬਲੇ

ਕਰਵਾਏ ਗਏ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ, ਸੁਮਿਤ ਸੱਭਰਵਾਲ ਨੇ ਦੱਸਿਆ ਕਿ ਐਸ.ਡੀ.ਜੇ.ਐਮ., ਪੈਰਾ ਲੀਗਲ ਵਲੰਟੀਅਰਾਂ, ਪੈਨਲ ਵਕੀਲਾਂ ਨੇ ਵੱਖ-ਵੱਖ ਵਿਦਿਅਕ ਸੰਸਥਾਨਾ ਵਿੱਚ ਬੱਚਿਆਂ ਨੂੰ ਇਸ ਮੁਹਿੰਮ ਪ੍ਰਤੀ ਜਾਗਰੂਕ ਕੀਤਾ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ। ਇਸ ਮੁਹਿੰਮ ਸਬੰਧੀ ਬੱਚਿਆਂ ਵਲੋਂ ਵੱਖ-ਵੱਖ ਰੈਲੀਆਂ ਕੱਢ ਕੇ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਵੀ ਦਿੱਤਾ। ਸਕੱਤਰ ਸੱਭਰਵਾਲ ਨੇ ਇਹ ਵੀ ਦੱਸਿਆ ਕਿ ਮੁਹਿੰਮ ਤਹਿਤ ਜਾਰੀ ਕੀਤੇ ਟੋਲ ਫ੍ਰੀ ਨੰਬਰ 15100 ਬਾਰੇ ਵੀ ਵੱਧ ਤੋਂ ਵੱਧ ਬੱਚਿਆਂ ਨੂੰ ਜਾਣੂ ਕਰਵਾਇਆ ਗਿਆ।

---

ਓਧਰ ਪਠਾਨਕੋਟ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੇ ਨਿਰਦੇਸ਼ਾਂ ਤਹਿਤ ਪਠਾਨਕੋਟ ਵਿਖੇ ਇੱਕ ਪੋਸਟਰ ਅਤੇ ਸਲੋਗਨ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਲਈ ਸਲੋਗਨ ਅਤੇ ਪੋਸਟਰ ਬਣਾਏ। ਉਨ੍ਹਾਂ ਦਸਿਆ ਕਿ ਛੇ ਬਲਾਕਾਂ: ਪਠਾਨਕੋਟ, ਸੁਜਾਨਪੁਰ, ਨਰੋਟ ਜੈਮਲ ਸਿੰਘ, ਬੁਮਿਆਲ, ਧਾਰ ਅਤੇ ਘਰੋਟਾ ਵਿੱਚ ''ਨਸ਼ਿਆਂ ਖਿਲਾਫ ਨੌਜਵਾਨ'' ਤਹਿਤ, ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ ।

---

ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਦੂਜਾ twenty – twenty ਕ੍ਰਿਕੇਟ ਮੈਚ ਅੱਜ ਸ਼ਾਮ 7 ਵਜੇ ਚੰਡੀਗੜ੍ਹ ਦੇ ਮਹਾਰਾਜਾ ਯਾਦਵਿੰਦਰ ਸਿੰਘ ਅੰਤਰ-ਰਾਸ਼ਟਰੀ ਕ੍ਰਿਕਟ ਸਟੇਡੀਅਮ ਵਿਖੇ ਖੇਡਿਆ ਜਾਵੇਗਾ। ਸੂਰਿਆਕੁਮਾਰ ਯਾਦਵ ਦੀ ਅਗਵਾਈ ਵਾਲੀ ਭਾਰਤੀ ਟੀਮ ਪੰਜ ਮੈਚਾਂ ਦੀ twenty – twenty ਲੜੀ ਵਿੱਚ 1-0 ਨਾਲ ਅੱਗੇ ਏ । ਇਸ ਤੋਂ ਪਹਿਲਾਂ, ਭਾਰਤ ਨੇ ਕਟਕ ਵਿੱਚ ਪਹਿਲੇ ਮੈਚ ਵਿੱਚ ਦੱਖਣੀ ਅਫਰੀਕਾ ਨੂੰ 101 ਦੌੜਾਂ ਨਾਲ ਹਰਾਇਆ ਸੀ। ਸਟਾਰ ਆਲ-ਰਾਉਂਡਰ ਹਾਰਦਿਕ ਪੰਡਯਾ ਦੀ ਵਾਪਸੀ ਨੇ ਟੀਮ ਨੂੰ ਹੋਰ ਮਜ਼ਬੂਤੀ ਦਿੱਤੀ ਏ । ਉਪ-ਕਪਤਾਨ ਸ਼ੁਭਮਨ ਗਿੱਲ ਦੀ ਵੀ ਟੀਮ ਵਿੱਚ ਵਾਪਸੀ ਹੋਈ ਏ ।

---

- ਸਰਕਾਰ ਨੇ ਕਿਹਾ- ਇਸ ਸਾਲ ਜਨਵਰੀ ਵਿੱਚ, ਰੇਲਵੇ ਟਿਕਟ ਰਿਜ਼ਰਵੇਸ਼ਨ ਲਈ ਵਰਤੇ ਗਏ 3 ਕਰੋੜ ਤੋਂ ਵੱਧ ਸ਼ੱਕੀ ਯੂਜ਼ਰ ਆਈ.ਡੀ ਖਾਤਿਆਂ ਨੂੰ ਬਲਾਕ ਕੀਤਾ ਗਿਆ ਏ ।
- ਸੀਮਾ ਸੁਰੱਖਿਆ ਬਲ ਨੇ ਅੱਜ ਮਹਾਂਵੀਰ ਚੱਕਰ ਨਾਲ ਸਨਮਾਨਿਤ, BSF ਦੇ ਸਹਾਇਕ ਕਮਾਂਡੈਂਟ, ਰਾਮ ਕ੍ਰਿਸ਼ਨ ਵਧਵਾ ਅਤੇ ਉਨ੍ਹਾਂ ਦੇ  8 ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ- ਪੁਲਿਸ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ।
- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵਲੋਂ, ਬਾਲ ਅਧਿਕਾਰਾਂ ਦੀ ਰਾਖੀ ਬਾਰੇ ਚੰਡੀਗੜ੍ਹ ਕਮਿਸ਼ਨ ਦੀ ਸਿਹਤ ਜਾਗਰੂਕਤਾ ਮੁਹਿੰਮ,"ਸ਼ੂਗਰ ਐਂਡ ਆਇਲ ਬੋਰਡ" ਦੀ ਸ਼ੁਰੂਆਤ । ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਦੂਜਾ ਟਵੈਂਟੀ-ਟਵੈਂਟੀ ਕ੍ਰਿਕੇਟ ਮੈਚ ਅੱਜ ਸ਼ਾਮ *7* ਵਜੇ ਚੰਡੀਗੜ੍ਹ 'ਚ ਖੇਡਿਆ ਜਾਵੇਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**